ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

# ਸੀਨੀਅਰ ਸਿਟੀਜ਼ਨਜ਼ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਦਿੱਕਤ: ਡਿਪਟੀ ਕਮਿਸ਼ਨਰ

ਸੀਨੀਅਰ ਸਿਟੀਜ਼ਨ ਆਪਣਾ ਕਾਰਡ ਬਣਾਉਣ ਲਈ ਸੇਵਾ ਸੈਂਟਰ ਵਿੱਚ ਕਰ ਸਕਦੇ ਨੇ ਅਪਲਾਈ

ਬੈਂਕਾਂ, ਬਿਜਲੀਘਰਾਂ ਤੇ ਹਸਪਤਾਲਾਂ 'ਚ ਵੱਖਰੀ ਲਾਇਨ ਦਾ ਕੀਤਾ ਜਾਵੇਗਾ ਬੰਦੋਬਸਤ

ਸੀਨੀਅਰ ਸਿਟੀਜਨ ਆਪਣੇ ਤਜ਼ਰਬਿਆਂ ਰਾਹੀਂ ਨੌਜਵਾਨਾਂ ਦਾ ਕਰਨ ਮਾਰਗਦਰਸ਼ਨ

60 ਸਾਲ ਤੋਂ ਵੱਧ ਉਮਰ ਦਾ ਨਾਗਰਿਕ ਹੋਵੇਗਾ ਸੀਨੀਅਰ ਸਿਟੀਜ਼ਨ

ਸਰਕਾਰੀ ਦਫਤਰੀ ਕੰਮ ਪਹਿਲ ਦੇ ਆਧਾਰ ਤੇ ਹੋਣਗੇ

ਫਾਜ਼ਿਲਕਾ 6 ਅਕਤੂਬਰ

ਸੀਨੀਅਰ ਸਿਟੀਜ਼ਨ ਨੂੰ ਕਿਸੇ ਪ੍ਰਕਾਰ ਦੀ ਦਿੱਕਤ ਪੇਸ਼ ਨਾ ਆਵੇ ਇਸ ਮਕਸਦ ਨਾਲ ਅੱਜ ਡਿਪਟੀ ਕਮਿਸਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਸੀਨੀਅਰ ਸਿਟੀਜ਼ਨ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਵਿਚਾਰ-ਚਰਚਾ ਕੀਤੀ ਗਈ। ਸੀਨੀਅਰ ਸਿਟੀਜਨ ਦੀ ਭਲਾਈ ਲਈ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਆਦੇਸ਼ ਦਿੱਤੇ ਗਏ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਸੀਨੀਅਰ ਨਾਗਰਿਕ ਨੂੰ ਕਿਸੇ ਪ੍ਰਕਾਰ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੀਨੀਅਰ ਨਾਗਰਿਕਾਂ ਦੀ ਸਹੂਲਤ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੀਨੀਅਰ ਸਿਟੀਜਨਜ਼ ਦੇ ਜਾਇਜ਼ ਦਫਤਰੀ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਂਦੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੇਵਾ ਕੇਂਦਰਾਂ ਵਿੱਚ ਸੀਨੀਅਰ ਸਿਟੀਜ਼ਨ ਆਪਣਾ ਕਾਰਡ ਬਣਾਉਣ ਲਈ ਅਪਲਾਈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸੀਨੀਅਰ ਸਿਟੀਜ਼ਨ ਦਾ ਕਾਰਡ ਬਣਨ 'ਤੇ ਨਾਗਰਿਕਾਂ ਨੂੰ ਕਈ ਪ੍ਰਕਾਰ ਦੀਆਂ ਸਹੂਲਤਾਂ ਮਿਲਣਯੋਗ ਹੁੰਦੀਆਂ ਹਨ ਜਿੰਨ੍ਹਾਂ

ਵਿੱਚ ਪੰਜਾਬ ਰੋਡਵੇਜ਼/ਪੀ.ਆਰ.ਟੀ.ਸੀ. ਦੀਆਂ ਬੱਸਾਂ ਵਿੱਚ ਰਾਖਵੀਆਂ ਸੀਟਾਂ, ਹਸਪਤਾਲਾਂ, ਡਿਸਪੈਂਸਰੀਆਂ, ਲਾਇਬਰੇਰੀਆਂ ਵਿੱਚ ਵੱਖਰੀਆਂ ਲਾਇਨਾਂ, ਬਿਜਲੀ/ਪਾਣੀ ਦੇ ਬਿੱਲਾਂ ਦੀ ਅਦਾਇਗੀ ਲਈ ਵੱਖਰੀਆਂ ਲਾਇਨਾਂ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਸ਼ਾਮਿਲ ਹਨ। ਇਸ ਮੌਕੇ ਉਨ੍ਹਾਂ ਸਿਵਲ ਹਸਪਤਾਲ ਦੇ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹੇ ਵਿੱਚ 90 ਸਾਲ ਦੀ ਵੱਧ ਤੋਂ ਉਮਰ ਦੇ ਨਾਗਰਿਕਾਂ ਦੀ ਚੋਣ ਕੀਤੀ ਜਾਵੇ ਅਤੇ ਹਰ ਦੋ ਮਹੀਨਿਆਂ ਬਾਅਦ ਉਨ੍ਹਾਂ ਦਾ ਚੈਕਅੱਪ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਆਏ ਹੋਏ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੇ ਜੋ ਸਾਥੀ ਸਿੱਖਿਆ ਵਿਭਾਗ ਵਿੱਚ ਸੇਵਾਵਾਂ ਨਿਭਾ ਕੇ ਸੇਵਾ ਮੁਕਤ ਹੋਏ ਹਨ ਉਨ੍ਹਾਂ ਵੱਲੋਂ ਜ਼ਿਲ੍ਹੇ ਦੇ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਨਾਲ ਤਾਲਮੇਲ ਕਰਕੇ ਉਨ੍ਹਾਂ ਨੂੰ ਆਪਣੇ ਵੱਡਮੁੱਲੇ ਵਿਚਾਰਾਂ ਤੇ ਤਜ਼ਰਬਿਆਂ ਤੋਂ ਜਾਣੂ ਕਰਵਾ ਕੇ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੂੰ ਹਦਾਇਤ ਕੀਤੀ ਕਿ ਸੀਨੀਅਰ ਨਾਗਰਿਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਸਬੰਧੀ ਕੈਂਪ ਲਗਾ ਕੇ ਜਾਗਰੂਕਤਾ ਫੈਲਾਈ ਜਾਵੇ ਅਤੇ ਕੈਂਪ ਵਿੱਚ ਆਉਣ ਵਾਲੇ 60 ਸਾਲ ਦੇ ਨਾਗਰਿਕਾਂ ਨੂੰ ਸਿਹਤ, ਪੈਨਸ਼ਨ ਅਤੇ ਪੁਲਿਸ ਕੇਸਾਂ ਸਬੰਧੀ ਕਿਸੇ ਵੀ ਪ੍ਰਕਾਰ ਦੀ ਆਉਣ ਵਾਲੀ ਪ੍ਰੇਸ਼ਾਨੀ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ।

ਇਸ ਮੌਕੇ ਐਸ.ਡੀ.ਐਮ. ਫਾਜ਼ਿਲਕਾ ਸ੍ਰੀ ਬਲਬੀਰ ਰਾਜ ਸਿੰਘ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਸ. ਰਣਦੀਪ ਸਿੰਘ ਅਹੀਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ੍ਰੀ ਮੁਕੇਸ਼ ਗੌਤਮ, ਰਿਟਾਇਰ ਅਫ਼ਸਰ ਐਸੋਸੀਏਸ਼ਨ ਦੇ ਨੁਮਾਇੰਦੇ, ਪੈਨਸ਼ਨਰ ਐਸੋਸੀਏਸ਼ਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਸਨ।